ਦਫਤਰ ਜਿਲ੍ਹਾ ਸਿੱਖਿਆ ਅਫਸਰ (ਐ:ਸਿ:)-ਕਮ-ਜਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ, ਸੈਕਟਰ-54, ਫੇਜ-2, ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਫੋਨ ਨੰ:0172-2274100 ਈ-ਮੇਲ:- deossamohali@gmail.com

---

## ਅੰਤਕਾ
## ਫ਼ਾਰਮ-II

ਵੱਲ:

ਮੈਨੇਜਰ/ਚੇਅਰਪਰਸਨ/ਸਕੱਤਰ
ਡੀ.ਏ.ਵੀ ਮਾਡਲ ਸੀ.ਸੈ. ਸਕੂਲ
ਕੁਰਾਲੀ, ਸ.ਅ.ਸ ਨਗਰ।

ਪੱਤਰ ਨੰ.: ਆਰ.ਟੀ.ਈ./ਮਾਨਤਾ/2016/018/069 ਮਿਤੀ: 08/07/2016

ਵਿਸ਼ਾ: **"ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ-2009' ਦੀ ਧਾਰਾ 18 ਦੇ ਮੰਤਵ ਲਈ" ਪੰਜਾਬ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ-ਸਿੱਖਿਆ ਦਾ ਅਧਿਕਾਰ ਨਿਯਮ 2011' ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਆਪ ਜੀ ਦੇ ਸਕੂਲ ਨੂੰ ਮਾਨਤਾ ਪੱਤਰ।**

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀਬੇਨਤੀ ਅਤੇ ਆਪ ਵਲੋਂ ਦਿੱਤੀ ਗਈ ਸਵੈ-ਘੋਸ਼ਨਾ ਦੇ ਆਧਾਰ ਤੇ ਮੈਂ **ਡੀ.ਏ.ਵੀ ਮਾਡਲ ਸੀ.ਸੈ.ਸਕੂਲ, ਕੁਰਾਲੀ** ਨੂੰ ਜਮਾਤ ਪਹਿਲੀ ਤੋਂ ਜਮਾਤ ਅੱਠਵੀਂ ਤੱਕ ਮਾਨਤਾ ਭੇਜਦਾ ਹਾਂ।

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਅਧਾਰ ਤੇ ਹੈ ਕਿ :-

1) ਸਕੂਲ ਪ੍ਰਬੰਧਨ ਦੀ ਇਹ ਨਿੱਜੀ ਜ਼ਿਮੇਵਾਰੀ ਹੋਵੇਗੀ ਕਿ ਮਿਆਦ ਅਨੁਸਾਰ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਫਾਇਰ ਸੇਫਟੀ ਸਰਟੀਫਿਕੇਟ ਇਸ ਦਫ਼ਤਰ ਵਿਖੇਂ ਜਮ੍ਹਾਂ ਕਰਵਾਇਆ ਜਾਵੇ। ਅਣਗਹਿਲੀ ਦੀ ਸੂਰਤ ਵਿੱਚ ਆਪ ਦੇ ਸਕੂਲ ਦੀ ਮਾਨਤਾ ਰੱਦ ਕਰਨ ਦੀ ਪ੍ਰਕਿਰਿਆ ਆਰੰਭੀ ਜਾਵੇਗੀ।

2) ਮਾਨਤਾ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਅਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ / ਐਫੀਲੀਏਸ਼ਨ ਤੇ ਲਾਗੂ ਨਹੀਂ ਹੁੰਦੀ।

3) ਉਕਤ ਮਾਨਤਾ ਆਪ ਦੁਆਰਾ ਦਿੱਤੀ ਗਈ ਸਵੈ ਘੋਸ਼ਨਾ ਦੇ ਆਧਾਰ ਤੇ ਹੈ ਜੇਕਰ ਸਵੈ ਘੋਸ਼ਨਾ ਵਿੱਚ ਦਰਜ਼ ਮੱਦਾਂ ਵਿਚੋਂ ਕੋਈ ਮੱਦ ਗਲਤ ਜਾਂ ਝੂਠੀ ਪਾਈ ਜਾਂਦੀ ਹੈ ਤਾਂ ਇਹ ਮਾਨਤਾ ਰੱਦ ਕਰਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ ।

Scanned with CamScanner

4) ਸਕੂਲ "ਸੁਸਾਇਟੀ ਰਜਿਸਟਰੇਸ਼ਨ ਐਕਟ, 1860 (ਐਕਟ ਨੰਬਰ 21, 1960)' ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ-ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਥਾਪਿਤ ਟਰਸਟ ਦੁਆਰਾ ਚਲਾਇਆ ਜਾ ਰਿਹਾ ਹੈ।

5) ਸੋਸਾਇਟੀ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ, ਜੇ ਜ਼ਰੂਰੀ ਹੋਵੇ, ਯਕੀਨੀ ਬਣਾਇਆ ਜਾਵੇਗਾ।

6) ਸਕੂਲ ਕਿਸੇ ਵਿਅਕਤੀ, ਸਮੂਹ ਜਾਂ ਵਿਅਕਤੀ-ਸਮੂਹਾਂ ਜਾਂ ਕਿਸੇ ਹੋਰ ਦੇ ਨਿੱਜੀ ਲਾਭ ਲਈ ਨਹੀਂ ਚਲਾਇਆ ਜਾ ਰਿਹਾ ਹੈ।

7) ਸਕੂਲ ਦਾ ਲੇਖਾ ਕਿਸੇ ਚਾਰਟਿਡ-ਲੇਖਾਕਾਰ ਦੁਆਰਾ ਆਡਿਟ ਅਤੇ ਪ੍ਰਮਾਣਿਤ ਕੀਤਾ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀਆਂ ਉਚਿਤ ਸਟੇਟਮੈਂਟਾਂ ਤਿਆਰ ਕੀਤੀਆਂ ਜਾਣਗੀਆਂ।

8) ਸਕੂਲ ਪਹਿਲੀ ਜਮਾਤ ਵਿੱਚ ਜਮਾਤ ਦੀ ਕੁਲ ਸੰਖਿਆ ਦਾ 25%, ਗੁਆਂਢ ਦੇ ਕਮਜ਼ੋਰ ਤਬਕੇ ਅਤੇ ਸੁਵਿਧਾ ਰਹਿਤ ਗਰੁੱਪ ਨਾਲ਼ ਸੰਬੰਧਿਤ ਬੱਚਿਆਂ ਨੂੰ ਦਾਖ਼ਲ ਕਰੇਗਾ ਅਤੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ, ਇਸ ਦੇ ਪੂਰੀ ਹੋਣ ਤੱਕ ਪ੍ਰਦਾਨ ਕਰੇਗਾ। ਜੇ ਸਕੂਲ ਪ੍ਰੀ-ਪ੍ਰਾਇਮਰੀ ਸਿੱਖਿਆ ਪ੍ਰਦਾਨ ਕਰਦਾ ਹੈ, ਇਹੀ ਸ਼ਰਤਾਂ ਲਾਗੂ ਹੋਣਗੀਆਂ।

9) ਪੈਰ੍ਹਾ 7 ਵਿੱਚ ਦਰਸਾਏ ਗਏ ਬੱਚਿਆਂ ਲਈ, ਐਕਟ ਦੀ ਧਾਰਾ 12 ਦੇ ਉਪਬੰਧ 2 ਅਨੁਸਾਰ ਸਕੂਲ ਨੂੰ ਖ਼ਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀਪੂਰਤੀ ਪ੍ਰਾਪਤ ਕਰਨ ਲਈ ਸਕੂਲ ਨੂੰ ਵੱਖਰਾ ਬੈਂਕ-ਖਾਤਾ ਰੱਖਣਾ ਪਵੇਗਾ।

10) ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸਦੇ ਮਾਤਾ-ਪਿਤਾ ਜਾਂ ਉਸੇ ਦੇ ਸਰਪ੍ਰਸਤਾਂ ਨੂੰ ਕਿਸੇ ਛਾਂਟੀ-ਪ੍ਰਕਿਰਿਆ ਵਿੱਚ ਨਹੀਂ ਪਾਏਗਾ।

11) ਸਕੂਲ ਕਿਸੇ ਬੱਚੇ ਨੂੰ ਹੇਠ ਲਿਖੇ ਕਾਰਨਾਂ ਕਰਕੇ ਦਾਖ਼ਲਾ ਦੇਣ ਤੋਂ ਇਨਕਾਰ ਨਹੀਂ ਕਰੇਗਾ:-

ੳ) ਕਿਸੇ ਬੱਚੇ ਦਾ ਉਮਰ ਦਾ ਸਬੂਤ ਨਾ ਹੋਣਾ;
ਅ) ਕਿਸੇ ਵੀ ਬੱਚੇ ਦੁਆਰਾ ਵਧਾਏ ਗਏ ਸਮੇਂ ਵਿੱਚ ਜਾਂ ਵਧਾਏ ਗਏ ਸਮੇਂ ਤੋਂ ਬਾਅਦ ਦਾਖ਼ਲਾ ਮੰਗਣਾ; ਜਾਂ
ੲ) ਧਰਮ, ਜਾਤ, ਨਸਲ ਜਾਂ ਜਨਮ-ਸਥਾਨ ਜਾਂ ਇਹਨਾਂ ਵਿਚੋਂ ਕਿਸੇ ਵੀ ਕਾਰਨ।

12) ਸਕੂਲ ਇਹ ਯਕੀਨੀ ਬਣਾਏਗਾ ਕਿ:-

ੳ) ਦਾਖ਼ਲ ਕੀਤੇ ਕਿਸੇ ਵੀ ਬੱਚੇ ਨੂੰ ਜਮਾਤ ਵਿੱਚ ਵਾਪਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਹੋਣ ਤੋਂ ਪਹਿਲਾਂ ਸਕੂਲੋਂ ਕੱਢਿਆ ਨਹੀਂ ਜਾਵੇਗਾ।

ਅ) ਕਿਸੇ ਵੀ ਬੱਚੇ ਨੂੰ ਸਰੀਰਕ-ਦੰਡ ਜਾਂ ਮਾਨਸਿਕ-ਪ੍ਰੇਸ਼ਾਨੀ ਦਾ ਭਾਗੀ ਨਹੀਂ ਬਣਾਇਆ ਜਾਵੇਗਾ।



Scanned with CamScanner

ੲ) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਬੱਚੇ ਨੂੰ ਬੋਰਡ ਦੀ ਕੋਈ ਵੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।

ਸ) ਮੁੱਢਲੀ ਸਿੱਖਿਆ ਸੰਪੂਰਨ ਕਰਨ ਵਾਲ਼ੇ ਹਰ ਬੱਚੇ ਨੂੰ ਨਿਯਮ 21 ਅਨੁਸਾਰ ਇੱਕ ਪ੍ਰਮਾਣ-ਪੱਤਰ ਪ੍ਰਦਾਨ ਕੀਤਾ ਜਾਵੇਗਾ।

ਹ) ਐਕਟ ਦੇ ਉਪਬੰਧਾਂ ਅਨੁਸਾਰ ਅਪੰਗ/ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਸ਼ਮੂਲੀਅਤ ਕੀਤੀ ਜਾਵੇਗੀ।

ਕ) ਐਕਟ ਦੀ ਧਾਰਾ 23 ਦੇ ਉਪਨਿਯਮ (1) ਅਨੁਸਾਰ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਅਧਿਆਪਕ ਹੀ ਨਿਯੁਕਤ ਕੀਤੇ ਜਾਣਗੇ।

ਖ) ਅਧਿਆਪਕ ਆਪਣੇ ਆਪ ਨੂੰ ਕਿਸੇ ਵੀ ਪ੍ਰਾਈਵੇਟ ਅਧਿਆਪਣ ਕਿਰਿਆ ਵਿੱਚ ਮਸ਼ਰੂਫ਼ ਨਹੀਂ ਕਰਨਗੇ।

13) ਸਕੂਲ ਉਚਿਤ ਅਥਾਰਟੀ ਦੁਆਰਾ ਨਿਰਧਾਰਿਤ ਵਿਸ਼ਿਆਂ ਦੇ ਅਧਾਰ ਤੇ ਪਾਠਕ੍ਰਮ ਨੂੰ ਅਪਨਾਏਗਾ।

14) ਸਕੂਲ ਐਕਟ ਦੀ ਧਾਰਾ 19 ਅਧੀਨ ਦਰਸਾਈਆਂ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

15) ਸਕੂਲ ਦੇ ਇਸ ਨਾਂ ਤੇ ਸਕੂਲ ਦੀ ਇਮਾਰਤ ਦੇ ਅੰਦਰ ਜਾਂ ਬਾਹਰ ਕੋਈ ਗੈਰ-ਮਾਨਤਾ ਪ੍ਰਾਪਤ ਜਮਾਤਾਂ ਨਹੀਂ ਚਲਾਈਆਂ ਜਾਣਗੀਆਂ।

16) ਸਕੂਲ-ਭਵਨ ਜਾਂ ਹੋਰ ਢਾਂਚਾ ਜਾਂ ਮੈਦਾਨ ਸਿਰਫ਼ ਪੜ੍ਹਾਈ ਅਤੇ ਯੋਗਤਾ-ਵਿਕਾਸ ਲਈ ਵਰਤਿਆ ਜਾਵੇਗਾ।

17) ਸਕੂਲ ਸਮੇਂ-ਸਮੇਂ ਤੇ ਡਾਇਰੈਕਟਰ-ਸਕੂਲ ਐਜੂਕੇਸ਼ਨ ਜਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਲੋੜੀਂਦੀ ਸੂਚਨਾ ਅਤੇ ਜਾਣਕਾਰੀ ਉਪਲਬਧ ਕਰਵਾਏਗਾ ਅਤੇ ਰਾਜ ਸਰਕਾਰ ਸਥਾਨਕ ਅਥਾਰਟੀ ਵੱਲੋਂ ਸਕੂਲ ਦੀ ਮਾਨਤਾ ਨੂੰ ਬਣਾਏ ਰੱਖਣ ਲਈ ਲੋੜੀਂਦੀਆਂ ਸ਼ਰਤਾਂ ਜਾਂ ਸਕੂਲ ਸੰਚਾਲਣ ਦੀਆਂ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਹਦਾਇਤਾਂ ਦੀ ਪਾਲਣਾ ਕਰੇਗਾ।

18) ਆਪ ਜੀ ਦੇ ਸਕੂਲ ਨੂੰ ਪ੍ਰਦਾਨ ਕੀਤਾ ਮਾਨਤਾ ਕੋਡ ਨੰਬਰ ਆਰ.ਟੀ.ਈ.(ਮਾਨਤਾ)-ਆਰ.ਟੀ.ਈ/-2016/018/069 (ਇਹ ਕੋਡ ਨੋਟ ਕਰ ਲਿਆ ਜਾਵੇ ਅਤੇ ਭਵਿੱਖ ਵਿੱਚ ਇਸ ਦਫ਼ਤਰ ਨਾਲ਼ ਹੋਣ ਵਾਲੇ ਕਿਸੇ ਵੀ ਪੱਤਰ-ਵਿਹਾਰ ਲਈ ਵਰਤਿਆ ਜਾਵੇ)।

ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.)
ਸਾਹਿਬਜ਼ਾਦਾ ਅਜੀਤ ਸਿੰਘ ਨਗਰ।



Scanned with CamScanner

# ਹੁਕਮ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ

ਸੰਸਥਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਕੁਰਾਲੀ(ਐਸ.ਏ.ਐਸ.ਨਗਰ) ਨੂੰ ਸਾਲ 1988 ਤੋਂ ਮੈਟ੍ਰਿਕ, ਸਾਲ 2000-01 ਤੋਂ ਸੀਨੀਅਰ ਸੈਕੰਡਰੀ (ਹਿਊਮੈਨਟੀਜ) ਅਤੇ ਸਾਲ 2004-05 ਤੋਂ ਸੀਨੀਅਰ ਸੈਕੰਡਰੀ (ਕਾਮਰਸ) ਪੱਧਰ ਦੀ ਐਫੀਲੀਏਸ਼ਨ ਪ੍ਰਦਾਨ ਕੀਤੀ ਗਈ ਸੀ। ਸੰਸਥਾ ਵੱਲੋਂ ਆਪਣੇ ਪੱਤਰ ਨੰ: 117 ਮਿਤੀ: 20-02-2017 ਰਾਹੀਂ ਪ੍ਰਤੀ ਬੇਨਤੀ ਦੇ ਕੇ ਦੱਸਿਆ ਗਿਆ ਕਿ ਉਹਨਾਂ ਦੀ ਸੰਸਥਾ ਨੇ ਸੀ.ਬੀ.ਐਸ.ਈ. ਤੋਂ ਮਾਨਤਾ ਲੈ ਲਈ ਹੈ। ਇਸ ਸਬੰਧੀ ਸੰਸਥਾ ਵੱਲੋਂ ਸੀ.ਬੀ.ਐਸ.ਈ. ਤੋਂ ਮਾਨਤਾ ਲੈਣ ਸਬੰਧੀ ਪ੍ਰਬੰਧਕ ਕਮੇਟੀ ਵੱਲੋਂ ਪਾਸ ਕੀਤੇ ਮਤੇ ਦੀ ਤਸਦੀਕਸ਼ੁਦਾ ਕਾਪੀ ਭੇਜੀ ਹੈ ਅਤੇ ਕਿਸੇ ਵੀ ਪ੍ਰਕਾਰ ਦੀ ਦੇਣਦਾਰੀ (ਅਧਿਆਪਕਾਂ ਅਤੇ ਹੋਰ ਸਟਾਫ ਦੀ ਤਨਖਾਹ ਆਦਿ) ਨਾ ਹੋਣ ਅਤੇ ਭਵਿੱਖ ਵਿੱਚ ਜੇਕਰ ਅਜਿਹਾ ਕੋਈ ਕੇਸ ਸਾਹਮਣੇ ਆਉਂਦਾ ਹੈ ਤਾਂ ਉਸਦੀ ਜਿੰਮੇਵਾਰੀ ਸੰਸਥਾ ਦੀ ਹੋਵੇਗੀ, ਸਬੰਧੀ ਹਲਫੀਆ ਬਿਆਨ ਦਿੱਤਾ ਹੈ।

ਉਪਰੋਕਤ ਨੂੰ ਮੁੱਖ ਰੱਖਦੇ ਹੋਏ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਆਪ ਦੀ ਸੰਸਥਾ ਨੂੰ ਸਾਲ 1988 ਤੋਂ ਮੈਟ੍ਰਿਕ, ਸਾਲ 2000-01 ਤੋਂ ਸੀਨੀਅਰ ਸੈਕੰਡਰੀ (ਹਿਊਮੈਨਟੀਜ) ਅਤੇ ਸਾਲ 2004-05 ਤੋਂ ਸੀਨੀਅਰ ਸੈਕੰਡਰੀ (ਕਾਮਰਸ) ਪੱਧਰ ਦੀ ਪ੍ਰਦਾਨ ਕੀਤੀ ਗਈ ਐਫੀਲੀਏਸ਼ਨ ਮਿਤੀ: 01-04-2017 ਤੋਂ ਵਾਪਸ ਲੈਂਦੇ ਹਨ ਅਤੇ ਸਕੂਲ ਨੂੰ ਜਾਰੀ ਹੋਇਆ ਸ਼ਨਾਖਤੀ ਨੰ; SASN-3113 ਰੱਦ ਕੀਤਾ ਜਾਂਦਾ ਹੈ। **ਵਿਦਿਆਰਥੀਆਂ ਦੇ ਭਵਿੱਖ ਨੂੰ ਮੁੱਖ ਰੱਖਦੇ ਹੋਏ ਸੰਸਥਾ ਦੇ ਨੌਵੀਂ ਅਤੇ ਗਿਆਰ੍ਹਵੀਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਮਾਰਚ 2018 ਦੀ ਪ੍ਰੀਖਿਆ ਵਿੱਚ ਅਪੀਅਰ ਹੋਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ ਅਤੇ ਸੰਸਥਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ** 01-04-2017 ਤੋਂ ਐਫੀਲੀਏਸ਼ਨ ਦੇ ਪ੍ਰਭਾਵ ਅਧੀਨ ਸਕੂਲ ਵਿੱਚ ਵਿਦਿਆਰਥੀਆਂ ਦਾ ਦਾਖਲਾ ਨਾ ਕੀਤਾ ਜਾਵੇ।

ਮਿਤੀ: ਮੋਹਾਲੀ: 10-05-2017

ਸਕੱਤਰ,
ਪੰਜਾਬ ਸਕੂਲ ਸਿੱਖਿਆ ਬੋਰਡ।

ਪਿੱਠ ਅੰਕਣ ਨੰਬਰ: ਪਸਸਬ-ਐਫੀ: 2017/੫੫੭੩ to ੫੫੭੯ ਮਿਤੀ: 19-5-17

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸੰਸਥਾ ਮੁੱਖੀ, ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਕੁਰਾਲੀ(ਐਸ.ਏ.ਐਸ.ਨਗਰ)
2. ਕੰਟਰੋਲਰ ਪ੍ਰੀਖਿਆਵਾਂ
3. ਸਹਾਇਕ ਸਕੱਤਰ ( ਰਜਿ:/ ਮਾਈ.)
4. ਮੈਨੇਜਰ, ਖੇਤਰੀ ਦਫਤਰ ,ਐਸ.ਏ.ਐਸ.ਨਗਰ।
5. ਜਿਲ੍ਹਾ ਸਿੱਖਿਆ ਅਫਸਰ, ਐਸ.ਏ.ਐਸ.ਨਗਰ।
6. ਸਕੱਤਰ ਟੂ ਚੇਅਰਮੈਨ, ਨਿੱਜੀ ਸਕੱਤਰ ਟੂ ਸਕੱਤਰ ਅਤੇ ਮੀਤ ਪ੍ਰਧਾਨ ਨੂੰ ਸੂਚਨਾਂ ਹਿੱਤ
7. ਡਿਪਟੀ ਡਾਇ: (ਕੰਪਿਊਟਰ ਸੈੱਲ)

ਇੰਚਾਰਜ (ਐਫੀਲੀਏਸ਼ਨ) 19/5/17
ਵਾ: ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।

Scanned with CamScanner